# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ :14-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਹੈ ਕਿ ਲਾਗਤ ਸਬੰਧੀ ਪਹਿਲੂਆਂ ਦੇ ਨਾਲ ਨਾਲ ਵਿਸ਼ਵਾਸ ਅਤੇ ਸਾਈਬਰ ਸੁਰੱਖਿਆ, ਆਲਮੀ ਸੈਮੀਕੰਡਕਟਰ ਮੁੱਲ ਲੜੀ ਵਿੱਚ ਤੇਜ਼ੀ ਨਾਲ ਮਹੱਤਵਪੂਰਨ ਹੁੰਦੇ ਜਾ ਰਹੇ ਨੇ।

- ਭਾਰਤ ਅਤੇ ਕੈਨੇਡਾ ਨੇ ਇੱਕ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਲਈ ਗੱਲਬਾਤ ਤੇਜ਼ ਕਰ ਦਿੱਤੀ ਏ।

- ਦਿੱਲੀ ਦੀ ਇੱਕ ਵਿਸ਼ੇਸ਼ ਅਦਾਲਤ ਨੇ ਅੱਜ COCKROACH ਜਨਤਾ ਪਾਰਟੀ ਦੇ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਪੰਜ ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਏ।

- ਭਾਰਤ ਵਿੱਚ 2015 ਅਤੇ 2024 ਦਰਮਿਆਨ T.B.ਦੇ ਨਵੇਂ ਕੇਸਾਂ 'ਚ 21 ਫੀਸਦੀ ਦੀ ਕਮੀ ਦਰਜ ਕੀਤੀ ਗਈ ਏ |

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ 20-20 ਲੜੀ ਦਾ ਚੌਥਾ ਮੈਚ ਅੱਜ ਸ਼ਾਮੀ ਹੈਦਰਾਬਾਦ 'ਚ ਖੇਡਿਆ ਜਾਵੇਗਾ |

***ਹੁਣ ਖਬਰਾਂ ਵਿਸਥਾਰ ਨਾਲ***

ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਹੈ ਕਿ ਲਾਗਤ ਸਬੰਧੀ ਪਹਿਲੂਆਂ ਦੇ ਨਾਲ ਨਾਲ ਵਿਸ਼ਵਾਸ ਅਤੇ ਸਾਈਬਰ ਸੁਰੱਖਿਆ, ਆਲਮੀ ਸੈਮੀਕੰਡਕਟਰ ਮੁੱਲ ਲੜੀ ਵਿੱਚ ਤੇਜ਼ੀ ਨਾਲ ਮਹੱਤਵਪੂਰਨ ਹੁੰਦੇ ਜਾ ਰਹੇ ਨੇ । ਅੱਜ ਨਵੀਂ ਦਿੱਲੀ ਵਿੱਚ ਬਲੂਮਬਰਗ ਨਿਊ ਇਕਾਨਮੀ ਫੋਰਮ ਵਿੱਚ ਬੋਲਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤ ਦਾ ਉਦੇਸ਼ ਸੈਮੀਕੰਡਕਟਰ ਡਿਜ਼ਾਈਨ, ਨਿਰਮਾਣ ਅਤੇ ਤਿਆਰ ਉਤਪਾਦਾਂ ਦੀ ਜਾਂਚ ਵਿੱਚ ਇੱਕ ਭਰੋਸੇਮੰਦ ਭਾਈਵਾਲ ਵਜੋਂ ਆਪਣੀ ਸਥਿਤੀ ਨੂੰ ਮਜ਼ਬੂਤ ਕਰਨਾ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ ਨਿਰੰਤਰ ਨਿਰਮਾਣ ਲਈ ਇੱਕ ਸੰਪੂਰਨ ਈਕੋਸਿਸਟਮ ਵਿਕਸਤ ਕਰਨਾ ਜ਼ਰੂਰੀ ਹੈ।

BYTE

ਮੋਬਾਈਲ ਫੋਨ ਉਦਯੋਗ ਦੀ ਮਿਸਾਲ ਦਿੰਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤ ਨੇ ਸ਼ੁਰੂ ਵਿੱਚ ਅਸੈਂਬਲੀ 'ਤੇ ਧਿਆਨ ਕੇਂਦਰਿਤ ਕੀਤਾ ਅਤੇ ਫਿਰ ਮੋਡੀਊਲ ਅਤੇ ਹਿੱਸੇ ਪੁਰਜ਼ਿਆਂ ਦੇ ਨਿਰਮਾਣ ਵਿੱਚ ਵਿਸਤਾਰ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਹੁਣ ਘਰੇਲੂ ਮੰਗ ਨੂੰ ਪੂਰਾ ਕਰਨ ਲਈ ਨਾ ਕੇਵਲ ਹਿੱਸੇ ਪੁਰਜ਼ੇ ਤਿਆਰ ਕਰ ਰਿਹਾ ਏ ਸਗੋਂ ਬਰਾਮਦ ਵੀ ਕਰ ਰਿਹਾ ਏ

---------------------------------------------------------

ਵਣਜ ਮੰਤਰੀ ਪਿਊਸ਼ ਗੋਇਲ ਨੇ ਕਿਹਾ ਹੈ ਕਿ ਭਾਰਤ ਨੇ ਪਿਛਲੇ 4 ਸਾਲਾਂ ਵਿੱਚ 38 ਵਿਕਸਤ ਦੇਸ਼ਾਂ ਨਾਲ ਵਪਾਰ ਸਮਝੌਤਿਆਂ 'ਤੇ ਦਸਤਖਤ ਕੀਤੇ ਨੇ | ਅੱਜ ਨਵੀਂ ਦਿੱਲੀ ਵਿੱਚ ਬਲੂਮਬਰਗ ਨਿਊ ਇਕਾਨਮੀ ਫੋਰਮ ਵਿੱਚ ਬੋਲਦਿਆਂ, ਸ਼੍ਰੀ ਗੋਇਲ ਨੇ ਕਿਹਾ ਕਿ ਭਾਰਤ ਦਾ ਟੀਚਾ ਭਾਰਤੀ ਕਾਰੋਬਾਰਾਂ ਲਈ ਬਾਜ਼ਾਰ ਪਹੁੰਚ ਵਧਾਉਣਾ ਅਤੇ ਦੇਸ਼ ਦੇ ਬਾਜ਼ਾਰਾਂ ਨੂੰ ਵਿਸ਼ਵਵਿਆਪੀ ਭਾਈਵਾਲਾਂ ਲਈ ਖੋਲ੍ਹਣਾ ਹੈ। ਸ਼੍ਰੀ ਗੋਇਲ ਨੇ ਕਿਹਾ ਕਿ ਭਾਰਤ ਕੈਨੇਡਾ, ਮੈਕਸੀਕੋ, ਮਰਕੋਸੁਰ, ਯੂਰੇਸ਼ੀਆ ਅਤੇ ਕਈ ਹੋਰ ਦੇਸ਼ਾਂ ਨਾਲ ਵਪਾਰ ਸਮਝੌਤਿਆਂ 'ਤੇ ਗੱਲਬਾਤ ਕਰ ਰਿਹਾ ਹੈ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਅੱਜ ਨਵੀਂ ਦਿੱਲੀ ਵਿੱਚ ਵੀਡੀਓ ਸੰਦੇਸ਼ ਰਾਹੀਂ 'ਬ੍ਰਹਤਰ  ਭਾਰਤ: ਦੁਨੀਆ ਭਰ ਵਿੱਚ ਭਾਰਤ ਦੇ ਸੱਭਿਆਚਾਰਕ ਸਬੰਧਾਂ' ਬਾਰੇ  ਅੰਤਰਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਨਗੇ।

---------------------------------------------------------

ਕੇਂਦਰੀ ਸੱਭਿਆਚਾਰ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਵੀ ਕਾਨਫਰੰਸ ਵਿੱਚ ਹਿੱਸਾ ਲੈਣਗੇ। ਤਿੰਨ ਦਿਨਾਂ ਕਾਨਫਰੰਸ ਦੌਰਾਨ, 50 ਦੇਸ਼ਾਂ ਦੇ ਡੈਲੀਗੇਟ, ਰਾਜਦੂਤ ਅਤੇ ਵਿਦਵਾਨ ਭਾਰਤ ਦੇ ਇਤਿਹਾਸਕ ਅਤੇ ਸਮਕਾਲੀ ਸੱਭਿਆਚਾਰਕ ਸਬੰਧਾਂ 'ਤੇ ਵਿਚਾਰ-ਵਟਾਂਦਰਾ ਕਰਨਗੇ। ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਇੱਕ ਵਿਸ਼ੇਸ਼ ਵੀਡੀਓ ਸੰਦੇਸ਼ ਰਾਹੀਂ ਇਕੱਠ ਨੂੰ ਸੰਬੋਧਨ ਕਰਨਗੇ। ਚੀਨ, ਜਾਪਾਨ, ਮੰਗੋਲੀਆ, ਨੇਪਾਲ ਅਤੇ ਈਰਾਨ ਸਮੇਤ  ਦੇਸ਼ਾਂ ਦੇ ਭਾਗੀਦਾਰ ਸਾਂਝੀ ਸੱਭਿਆਚਾਰਕ ਵਿਰਾਸਤ ਅਤੇ ਸੱਭਿਅਤਾ ਦੇ ਆਦਾਨ-ਪ੍ਰਦਾਨ 'ਤੇ ਚਰਚਾ ਵਿੱਚ ਯੋਗਦਾਨ ਪਾਉਣਗੇ। ਇਹ ਕਾਨਫਰੰਸ ਗ੍ਰੇਟਰ ਇੰਡੀਆ ਸੋਸਾਇਟੀ, ਜਿਸਨੂੰ ਗ੍ਰੇਟਰ ਇੰਡੀਆ ਕੌਂਸਲ ਵੀ ਕਿਹਾ ਜਾਂਦਾ ਹੈ, ਦੀ ਸ਼ਤਾਬਦੀ ਮਨਾਉਣ ਲਈ ਆਯੋਜਿਤ ਕੀਤੀ ਜਾ ਰਹੀ ਹੈ। ਇਸਦੀ ਸਥਾਪਨਾ 14 ਅਕਤੂਬਰ, 1926 ਨੂੰ ਕੋਲਕਾਤਾ ਵਿੱਚ ਭਾਰਤੀ ਵਿਦਵਾਨਾਂ ਦੁਆਰਾ ਗੁਰੂਦੇਵ ਰਬਿੰਦਰਨਾਥ ਟੈਗੋਰ ਦੇ ਅਧਿਆਤਮਿਕ ਮਾਰਗਦਰਸ਼ਨ ਹੇਠ ਕੀਤੀ ਗਈ ਸੀ।

-----------------------------------------------------

ਕੈਨੇਡਾ ਅਤੇ ਭਾਰਤ ਨੇ ਇੱਕ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਲਈ ਗੱਲਬਾਤ ਤੇਜ਼ ਕਰ ਦਿੱਤੀ ਏ । ਗਲਬਾਤ ਦਾ ਉਦੇਸ਼ 2026 ਦੇ ਅੰਤ ਤੱਕ ਸਮਝੌਤੇ ਨੂੰ ਅੰਤਿਮ ਰੂਪ ਦੇਣਾ ਹੈ।  5 ਤੋਂ 9 ਅਕਤੂਬਰ ਤੱਕ

ਓਟਾਵਾ ਵਿੱਚ ਪੰਜਵੇਂ ਗੇੜ ਦੀ ਗੱਲਬਾਤ ਤੋਂ ਬਾਅਦ ਇਹ ਗਲਬਾਤ ਅੱਗੇ ਵਧੀ ਏ । ਦੋਵੇਂ ਦੇਸ਼ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਦੇ ਹਿੱਸੇ ਵਜੋਂ ਦੁਵੱਲੇ ਵਪਾਰ ਅਤੇ ਨਿਵੇਸ਼ ਨੂੰ ਵਧਾਉਣ ਦੀ ਕੋਸ਼ਿਸ਼ ਕਰ ਰਹੇ ਨੇ । ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਨੇ ਇਸ ਹਫ਼ਤੇ ਨਵੀਂ ਦਿੱਲੀ ਵਿੱਚ ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨਾਲ ਮੁਲਾਕਾਤ ਕੀਤੀ ਸੀ । ਗਲੋਬਲ ਅਫੇਅਰਜ਼ ਕੈਨੇਡਾ ਅਨੁਸਾਰ, ਦੋਵਾਂ ਧਿਰਾਂ ਨੇ ਗੱਲਬਾਤ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਤਾਜਵੀਜ਼ਸ਼ੁਦਾ ਸਮਝੌਤੇ ਨੂੰ ਅੱਗੇ ਵਧਾਉਣ ਦੇ ਢੰਗ ਤਰੀਕਿਆਂ 'ਤੇ ਚਰਚਾ ਕੀਤੀ। 12 ਤੋਂ 17 ਅਕਤੂਬਰ ਤੱਕ ਚੱਲਣ ਵਾਲੇ ਵਪਾਰ ਮਿਸ਼ਨ ਲਈ ਲਗਭਗ 300 ਡੈਲੀਗੇਟ ਮੁੰਬਈ ਅਤੇ ਬੰਗਲੁਰੂ ਦਾ ਦੌਰਾ ਕਰ ਰਹੇ ਨੇ । ਇਸ ਦੌਰੇ ਦੌਰਾਨ, ਉਹ ਊਰਜਾ, ਮਹੱਤਵਪੂਰਨ ਖਣਿਜ, ਏਰੋਸਪੇਸ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਨਤ ਨਿਰਮਾਣ ਖੇਤਰਾਂ ਵਿੱਚ ਵਪਾਰ ਅਤੇ ਨਿਵੇਸ਼ ਦੇ ਮੌਕਿਆਂ ਦੀ ਘੋਖ ਕਰਨਗੇ। ਕੈਨੇਡਾ ਦਾ ਉਦੇਸ਼ 2030 ਤੱਕ ਭਾਰਤ ਨਾਲ ਸਾਲਾਨਾ ਦੁਵੱਲੇ ਵਪਾਰ ਨੂੰ 7 ਟ੍ਰਿਲੀਅਨ ਡਾਲਰ ਤੱਕ ਵਧਾਉਣਾ ਹੈ।

---------------------------------------------------------------

ਦਿੱਲੀ ਦੀ ਇੱਕ ਵਿਸ਼ੇਸ਼ ਅਦਾਲਤ ਨੇ ਅੱਜ COCKROACH ਜਨਤਾ ਪਾਰਟੀ ਦੇ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਪੰਜ ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ। ਪਾਰਟੀ ਦੇ ਇੱਕ ਹੋਰ ਆਗੂ ਅਜਿੰਕਿ ਸ਼ਿੰਦੇ ਨੂੰ ਨਿੱਜੀ ਮੁਚਲਕੇ 'ਤੇ ਰਿਹਾਅ ਕਰ ਦਿੱਤਾ ਗਿਆ।

ਦਿੱਲੀ ਪੁਲਿਸ ਨੇ ਤਿੰਨਾਂ ਆਗੂਆਂ ਨੂੰ ਜੰਤਰ-ਮੰਤਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਨ ਲਈ ਹਿਰਾਸਤ ਵਿੱਚ ਲੈ ਲਿਆ ਸੀ | ਇੱਕ ਦਿਨ ਪਹਿਲਾਂ ਹੀ ਜੰਤਰ ਮੰਤਰ ਨੂੰ ਵਿਰੋਧ ਪ੍ਰਦਰਸ਼ਨ ਵਾਲੇ ਸਥਾਨ ਦੀ ਸੂਚੀ ਤੋਂ ਹਟਾ ਦਿੱਤਾ ਗਿਆ ਸੀ | ਪੁਲਿਸ ਅਨੁਸਾਰ, ਆਗੂਆਂ ਨੇ ਕੱਲ੍ਹ ਕਥਿਤ ਤੌਰ 'ਤੇ ਬੰਦ ਗੇਟਾਂ ਅਤੇ ਰੁਕਾਵਟਾਂ ਨੂੰ ਪਾਰ ਕਰਦਿਆਂ ਰਾਸ਼ਟਰੀ ਝੰਡਾ ਲੈ ਕੇ ਨਾਅਰੇਬਾਜ਼ੀ ਕੀਤੀ। ਸੁਰੱਖਿਆ ਮੁਲਾਜ਼ਮਾਂ ਨੇ ਉਨ੍ਹਾਂ ਨੂੰ ਰੋਕਿਆ। ਤਿੰਨਾਂ ਆਗੂਆਂ ਅਤੇ ਹੋਰਾਂ ਖ਼ਿਲਾਫ਼ ਗੈਰ-ਕਾਨੂੰਨੀ ਇਕੱਠ ਅਤੇ ਹੁਕਮਾਂ ਦੀ ਉਲੰਘਣਾ ਸਮੇਤ ਵੱਖ-ਵੱਖ ਦੋਸ਼ਾਂ ਤਹਿਤ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਉਨ੍ਹਾਂ ਨੂੰ ਪਹਿਲਾਂ ਜਾਫਰਪੁਰ ਕਲਾਂ ਥਾਣੇ ਲਿਜਾਇਆ ਗਿਆ ਅਤੇ ਫਿਰ ਅੱਜ ਤੜਕੇ ਸੰਸਦ ਮਾਰਗ ਥਾਣੇ ਵਿੱਚ ਤਬਦੀਲ ਕਰ ਦਿੱਤਾ ਗਿਆ। ਸੀਜੇਪੀ ਦੇ ਕਾਨੂੰਨੀ ਮਾਮਲਿਆਂ ਦੇ ਮੁਖੀ ਰਤਨਾ ਸਿੰਘ ਨੇ ਇਲਜ਼ਾਮ ਲਗਾਇਆ ਕਿ ਆਗੂਆਂ ਨੂੰ ਦੇਰ ਰਾਤ ਤੱਕ ਉਨ੍ਹਾਂ ਦੇ ਵਕੀਲਾਂ ਨੂੰ ਮਿਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ।

-----------------------------------------------------------

ਬਿਹਾਰ ਦੇ ਵੈਸ਼ਾਲੀ ਜ਼ਿਲ੍ਹੇ ਦੇ ਰਾਘੋਪੁਰ ਦਿਆਰਾ ਇਲਾਕੇ ਵਿੱਚ ਬੀਤੀ ਰਾਤ ਗੰਗਾ ਨਦੀ ਵਿੱਚ ਇੱਕ ਕਿਸ਼ਤੀ ਪਲਟਣ ਨਾਲ 13 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਛੇ ਨੂੰ ਬਚਾ ਲਿਆ ਗਿਆ। ਮ੍ਰਿਤਕਾਂ ਵਿੱਚੋਂ ਜ਼ਿਆਦਾਤਰ ਨਾਬਾਲਗ ਨੇ ਜੋ ਕਿਸ਼ਤੀ ਰਾਹੀਂ ਇੱਕ ਦਾਅਵਤ ਵਿੱਚ ਸ਼ਾਮਲ ਹੋਣ ਲਈ ਯਾਤਰਾ ਕਰ ਰਹੇ ਸਨ। ਇਸ ਵਿੱਚ ਲਗਭਗ 15 ਤੋਂ 20 ਲੋਕ ਸਵਾਰ ਸਨ। ਸੱਤ ਨੂੰ ਬਿਹਤਰ ਇਲਾਜ ਲਈ ਦੂਜੇ ਹਸਪਤਾਲ

ਵਿੱਚ ਭੇਜਿਆ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਸ਼ਤੀ ਹਾਦਸੇ ਵਿੱਚ ਹੋਈਆਂ ਮੌਤਾਂ 'ਤੇ ਦੁੱਖ ਪ੍ਰਗਟ ਕੀਤਾ ਹੈ।

----------------------------------------------------

ਭਾਰਤ ਵਿੱਚ 2015 ਅਤੇ 2024 ਦਰਮਿਆਨ T.B.ਦੇ ਨਵੇਂ ਕੇਸਾਂ ਵਿੱਚ 21 ਫੀਸਦੀ ਦੀ ਕਮੀ ਦਰਜ ਕੀਤੀ ਗਈ ਏ, ਜਦੋਂ ਕਿ ਵਿਸ਼ਵ ਪੱਧਰ 'ਤੇ ਇਹ 12 ਫੀਸਦੀ ਦੀ ਕਮੀ ਆਈ ਏ । ਦੇਸ਼ ਵਿੱਚ ਟੀਬੀ ਦੇ ਇਲਾਜ ਦਾ ਦਾਇਰਾ 92 ਫੀਸਦੀ ਤੱਕ ਪਹੁੰਚ ਗਿਆ ਏ , ਜਦੋਂ ਕਿ ਵਿਸ਼ਵ ਪੱਧਰ 'ਤੇ ਇਹ ਔਸਤ 78 ਫੀਸਦੀ ਹੈ। ਸਰਕਾਰ ਨੇ ਟੀਬੀ ਨੂੰ ਖਤਮ ਕਰਨ ਲਈ ਯਤਨ ਤੇਜ਼ ਕਰ ਦਿੱਤੇ ਨੇ । ਇਸ ਵਿੱਚ ਟੈਸਟਿੰਗ ਦੇ ਦਾਇਰੇ ਦਾ ਵਿਸਤਾਰ ਕਰਨਾ, ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰਨਾ ਅਤੇ ਜਨਤਕ ਭਾਗੀਦਾਰੀ ਵਧਾਉਣਾ ਸ਼ਾਮਲ ਹੈ। ਟੀਬੀ ਮੁਕਤ ਭਾਰਤ ਮੁਹਿੰਮ ਤਹਿਤ, ਹੁਣ ਤੱਕ 28 ਕਰੋੜ ਤੋਂ ਵੱਧ ਲੋਕਾਂ ਦੀ ਜਾਂਚ ਕੀਤੀ ਜਾ ਚੁੱਕੀ ਹੈ। 20 ਲੱਖ ਤੋਂ ਵੱਧ ਲੋਕਾਂ ਦਾ ਟੀਬੀ ਤੋਂ ਬਚਾਅ ਲਈ ਇਲਾਜ ਕੀਤਾ ਗਿਆ ਹੈ। ਇਸ ਤੋਂ ਇਲਾਵਾ, 5 ਲੱਖ 70 ਹਜ਼ਾਰ ਨਵੇਂ ਨਿਕਸ਼ੇ ਮਿੱਤਰ ਇਸ ਮੁਹਿੰਮ ਵਿੱਚ ਸ਼ਾਮਲ ਹੋਏ ਹਨ।

----------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਭਾਰਤ ਅਤੇ ਆਸੀਆਨ ਇੱਕ ਸ਼ਾਂਤੀਪੂਰਨ, ਸਥਿਰ ਅਤੇ ਖੁੱਲ੍ਹੇ ਹਿੰਦ ਪ੍ਰਸ਼ਾਂਤ ਖਿੱਤੇ ਵਿੱਚ ਇੱਕੋ ਜਿਹੇ ਹਿੱਤ ਸਾਂਝੇ ਕਰਦੇ ਨੇ । ਅੱਜ ਸਵੇਰੇ ਨਵੀਂ ਦਿੱਲੀ ਵਿੱਚ

ਆਸੀਆਨ-ਭਾਰਤ ਰੱਖਿਆ ਥਿੰਕ ਟੈਂਕ ਫੋਰਮ ਨੂੰ ਸੰਬੋਧਨ ਕਰਦਿਆਂ , ਸ਼੍ਰੀ ਸਿੰਘ ਨੇ ਕਿਹਾ ਕਿ ਆਸੀਆਨ ਭਾਰਤ ਦੇ ਹਿੰਦ ਪ੍ਰਸ਼ਾਂਤ ਦ੍ਰਿਸ਼ਟੀਕੋਣ ਦਾ ਕੇਂਦਰ ਹੈ।

BYTE

ਉਨ੍ਹਾਂ ਕਿਹਾ ਕਿ ਭਾਰਤ ਦੀ ਐਕਟ ਈਸਟ ਨੀਤੀ ਦੱਖਣ-ਪੂਰਬੀ ਏਸ਼ੀਆ ਨਾਲ ਬਰਾਬਰ ਦੇ ਭਾਈਵਾਲੀਆਂ ਵਜੋਂ ਕੰਮ ਕਰਨ ਦੀ ਇੱਕ ਲੰਬੇ ਸਮੇਂ ਦੀ ਵਚਨਬੱਧਤਾ ਹੈ। ਸ਼੍ਰੀ ਸਿੰਘ ਨੇ ਕਿਹਾ ਕਿ  ਹਿੰਦ ਮਹਾਸਾਗਰ ਅਤੇ ਦੱਖਣ-ਪੂਰਬੀ ਏਸ਼ੀਆ ਸਮੁੰਦਰੀ ਖੇਤਰ ਆਪਸ 'ਚ ਜੁੜਿਆ ਹੋਇਆ ਏ , ਜੋ ਉਨ੍ਹਾਂ ਦੀ ਸੁਰੱਖਿਆ ਨੂੰ ਇੱਕ ਸਾਂਝੀ ਜ਼ਿੰਮੇਵਾਰੀ ਬਣਾਉਂਦੇ ਨੇ । 2026 ਨੂੰ ਆਸੀਆਨ-ਭਾਰਤ ਸਮੁੰਦਰੀ ਸਹਿਯੋਗ ਸਾਲ ਵਜੋਂ ਐਲਾਨਣ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਨੇ ਸਮੁੰਦਰੀ ਖੇਤਰ ਬਾਰੇ ਜਾਗਰੂਕਤਾ ਵਧਾਉਣ, ਜਾਣਕਾਰੀ ਸਾਂਝੀ ਕਰਨ, ਸਮੁੰਦਰੀ ਡਾਕੂਆਂ ਅਤੇ ਗੈਰ-ਕਾਨੂੰਨੀ ਤੌਰ ਤੇ ਮੱਛੀਆਂ ਫੜਨ ਨਾਲ ਨਜਿੱਠਣ ਲਈ ਸਮੂਹਿਕ ਸਮਰੱਥਾ ਨਿਰਮਾਣ  ਦਾ ਸੱਦਾ ਦਿੱਤਾ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਕੱਲ੍ਹ ਰਾਤ ਪੋਪ ਲੀਓ 14ਵੇਂ ਦੀ ਸਫਲ ਸਰਜਰੀ 'ਤੇ ਖੁਸ਼ੀ ਪ੍ਰਗਟ ਕੀਤੀ। ਸੋਸ਼ਲ ਮੀਡੀਆ 'ਤੇ, ਸ਼੍ਰੀ ਮੋਦੀ ਨੇ ਪੋਪ ਦੇ ਛੇਤੀ  ਅਤੇ ਪੂਰੀ ਤਰ੍ਹਾਂ ਠੀਕ ਹੋਣ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ।

---------------------------------------------------------------

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ 20-20 ਸੀਰੀਜ਼ ਦਾ ਚੌਥਾ ਮੈਚ ਅੱਜ ਹੈਦਰਾਬਾਦ ਦੇ ਰਾਜੀਵ ਗਾਂਧੀ ਇੰਟਰਨੈਸ਼ਨਲ ਕ੍ਰਿਕੇਟ  ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਐਤਵਾਰ ਨੂੰ ਇੰਦੌਰ ਵਿੱਚ ਤੀਜੇ 20-20 ਮੈਚ ਵਿੱਚ ਵੈਸਟਇੰਡੀਜ਼ ਨੂੰ 14 ਦੌੜਾਂ ਨਾਲ ਹਰਾ ਕੇ ਭਾਰਤ ਪੰਜ ਮੈਚਾਂ ਦੀ ਸੀਰੀਜ਼ ਵਿੱਚ 2-1 ਨਾਲ ਅੱਗੇ ਹੈ।

-----------------------------------------------------------------

ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਅਗਲੇ ਹਫ਼ਤੇ ਭਾਰਤ ਦਾ ਦੌਰਾ ਕਰਨਗੇ। ਇਸ ਨਾਲ ਊਰਜਾ ਸਹਿਯੋਗ ਅਤੇ ਦੋਵਾਂ ਦੇਸ਼ਾਂ ਵਿਚਕਾਰ ਰਣਨੀਤਕ ਭਾਈਵਾਲੀ ਮਜ਼ਬੂਤ ਹੋਵੇਗੀ। ਅਮਰੀਕੀ ਵਿਦੇਸ਼ ਵਿਭਾਗ ਨੇ ਕਿਹਾ ਕਿ ਰੂਬੀਓ ਆਪਣੇ ਭਾਰਤ ਦੌਰੇ  ਦੌਰਾਨ ਮੁੰਬਈ ਅਤੇ ਜਾਮਨਗਰ ਵੀ ਜਾਣਗੇ। ਉਹ ਭਾਰਤ-ਅਮਰੀਕਾ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰਨ, ਖੇਤਰੀ ਅਤੇ ਆਲਮੀ ਸਥਿਤੀ 'ਤੇ ਚਰਚਾ ਕਰਨ ਅਤੇ ਊਰਜਾ ਸਹਿਯੋਗ ਨੂੰ ਵਧਾਉਣ ਦੀਆਂ ਸੰਭਾਵਨਾਵਾਂ ਬਾਰੇ  ਚਰਚਾ ਕਰਨ ਲਈ ਸੀਨੀਅਰ ਅਧਿਕਾਰੀਆਂ ਨਾਲ ਮੁਲਾਕਾਤ ਕਰਨਗੇ।  ਰੂਬੀਓ ਨਿਵੇਸ਼ ਅਤੇ ਆਰਥਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਵਪਾਰਕ ਆਗੂਆਂ ਨਾਲ ਵੀ ਮੁਲਾਕਾਤ ਕਰਨਗੇ।

-----------------------------------------------------------------

- ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਹੈ ਕਿ ਲਾਗਤ ਸਬੰਧੀ ਪਹਿਲੂਆਂ ਦੇ

ਨਾਲ ਨਾਲ ਵਿਸ਼ਵਾਸ ਅਤੇ ਸਾਈਬਰ ਸੁਰੱਖਿਆ, ਆਲਮੀ ਸੈਮੀਕੰਡਕਟਰ ਮੁੱਲ ਲੜੀ ਵਿੱਚ ਤੇਜ਼ੀ ਨਾਲ ਮਹੱਤਵਪੂਰਨ ਹੁੰਦੇ ਜਾ ਰਹੇ ਨੇ।

- ਭਾਰਤ ਅਤੇ ਕੈਨੇਡਾ ਨੇ ਇੱਕ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਲਈ ਗੱਲਬਾਤ ਤੇਜ਼ ਕਰ ਦਿੱਤੀ ਏ।

- ਦਿੱਲੀ ਦੀ ਇੱਕ ਵਿਸ਼ੇਸ਼ ਅਦਾਲਤ ਨੇ ਅੱਜ COCKROACH ਜਨਤਾ ਪਾਰਟੀ ਦੇ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਪੰਜ ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਏ।

- ਭਾਰਤ ਵਿੱਚ 2015 ਅਤੇ 2024 ਦਰਮਿਆਨ T.B.ਦੇ ਨਵੇਂ ਕੇਸਾਂ 'ਚ 21 ਫੀਸਦੀ ਦੀ ਕਮੀ ਦਰਜ ਕੀਤੀ ਗਈ ਏ |

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ 20-20 ਲੜੀ ਦਾ ਚੌਥਾ ਮੈਚ ਅੱਜ ਸ਼ਾਮੀ ਹੈਦਰਾਬਾਦ 'ਚ ਖੇਡਿਆ ਜਾਵੇਗਾ |

---------------------------------------------------

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!